## ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 28-04-2024**

- ਲੋਕਸਭਾ ਚੋਣਾਂ ਸੰਬੰਧੀ ਜਾਣਕਾਰੀ ਦੇਣ ਲਈ, ਪੰਜਾਬ ਦੇ ਮੁੱਖ ਚੋਣ ਅਧਿਕਾਰੀ ਦਫ਼ਤਰ ਨੇ ਵਟਸਐਪ ਚੈਨਲ, 'ਮੁੱਖ ਚੋਣ ਅਧਿਕਾਰੀ - ਪੰਜਾਬ' ਦੀ ਸ਼ੁਰੂਆਤ ਕੀਤੀ।
- ਪੰਜਾਬ ਦੇ ਵੱਖ-ਵੱਖ ਜ਼ਿਲਿਆਂ ਵਿੱਚ ਵੋਟਰ ਜਾਗਰੂਕਤਾ ਮੁਹਿੰਮ ਤਹਿਤ ਸਵੀਪ ਗਤੀਵਿਧੀਆਂ ਜ਼ੋਰਾਂ 'ਤੇ ਚਲ ਰਹੀਆਂ ਨੇ।
- ਇਸ ਵਾਰ ਚਾਰਧਾਮ ਯਾਤਰਾ ਰੂਟ 'ਤੇ ਇਲੈਕਟ੍ਰਿਕ ਵਾਹਨਾਂ ਦੀ ਸ਼ੁਰੂਆਤ ਕੀਤੀ ਜਾਵੇਗੀ।
- ਸੀਮਾ ਸੁਰੱਖਿਆ ਬਲ ਨੇ ਅਣਜਾਣੇ ਵਿੱਚ ਭਾਰਤੀ ਸਰਹੱਦ ਵਿਚ ਦਾਖਲ ਹੋਏ ਇੱਕ ਪਾਕਿਸਤਾਨੀ ਨਾਗਰਿਕ ਨੂੰ ਸਦਭਾਵਨਾ ਵਜੋਂ ਪਾਕਿਸਤਾਨ ਰੇਂਜਰਾਂ ਦੇ ਹਵਾਲੇ ਕੀਤਾ।

---

ਇੱਕ ਨਿਵੇਕਲੇ ਉਪਰਾਲੇ ਤਹਿਤ ਪੰਜਾਬ ਦੇ ਮੁੱਖ ਚੋਣ ਅਧਿਕਾਰੀ

ਦਫ਼ਤਰ ਨੇ ਇੱਕ ਸਮਰਪਿਤ ਵਟਸਐਪ ਚੈਨਲ, 'ਮੁੱਖ ਚੋਣ ਅਧਿਕਾਰੀ, ਪੰਜਾਬ' ਦੀ ਸ਼ੁਰੂਆਤ ਕੀਤੀ ਏ। ਮੁੱਖ ਚੋਣ ਅਧਿਕਾਰੀ ਸਿਬਿਨ ਸੀ. ਨੇ ਦੱਸਿਆ ਕਿ ਵਟਸਐਪ ਚੈਨਲ ਦਾ ਉਦੇਸ਼, ਚੋਣਾਂ ਸੰਬੰਧੀ ਆਮ ਜਨਤਾ ਅਤੇ ਚੋਣ ਅਮਲ ਦੇ ਭਾਗੀਦਾਰਾਂ ਲਈ ਮਹੱਤਵਪੂਰਨ ਜਾਣਕਾਰੀ ਨੂੰ ਪ੍ਰਸਾਰਿਤ ਕਰਨਾ ਏ।

---------------------------------------------------------------

ਪੰਜਾਬ ਭਰ 'ਚ, ਵੋਟਰ ਜਾਗਰੂਕਤਾ ਮੁਹਿੰਮ ਤਹਿਤ ਸਵੀਪ ਗਤੀਵਿਧੀਆਂ ਜਾਰੀ ਨੇ । ਪਟਿਆਲਾ ਜ਼ਿਲੇ ਵਿਚ ਵੋਟਰਾਂ ਨੂੰ ਜਾਗਰੂਕ ਕਰਨ ਲਈ ਸਵੀਪ ਮੁਹਿੰਮ ਵਿੱਚ ਤੇਜ਼ੀ ਲਿਆਂਦੀ ਜਾ ਰਹੀ ਏ। ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਸਵਿੰਦਰ ਰੇਖੀ ਨੇ ਦੱਸਿਆ ਕੇ ਇਸ ਵਾਰ ਜ਼ਿਲ੍ਹਾ ਪਟਿਆਲਾ ਦੀ 70 ਫ਼ੀਸਦੀ ਵੋਟਾਂ ਦੇ ਟੀਚੇ ਤੋਂ ਉਪਰ ਤਿਆਰੀ ਨੂੰ ਲੈ ਕੇ, ਜ਼ਿਲ੍ਹੇ ਦੇ ਸਾਰੇ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਦੁਆਰਾ ਵੋਟਾਂ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਲਈ ਅਧਿਆਪਕਾਂ ਅਤੇ ਵਿਦਿਆਰਥੀਆਂ ਵੱਲੋਂ ਸਕੂਲਾਂ ਵਿੱਚ ਭਾਸ਼ਣ, ਰੰਗੋਲੀ, ਸਲੋਗਨ, ਪੋਸਟਰ ਮੁਕਾਬਲੇ ਅਤੇ , ਰੈਲੀ, ਮੋਕ ਪੋਲ ਬੂਥ, ਵੋਟਰ ਪ੍ਰਣ ਜਿਹੀਆਂ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਨੇ । ਇਸਦੇ ਨਾਲ ਹੀ ਮਾਪੇ-ਮਿਲਣੀ ਸਮੇਂ ਸਵੀਪ ਗਤੀਵਿਧੀਆਂ ਕਰਵਾ ਕੇ ਮਾਪਿਆ ਨੂੰ ਚੋਣਾਂ ਵਿੱਚ 100 ਫ਼ੀਸਦੀ

ਭਾਗੀਦਾਰੀ ਲਈ ਜਾਗਰੂਕ ਕੀਤਾ ਜਾ ਰਿਹਾ ਏ  ਤਾਂ ਜੋ ਇਸ ਵਾਰ ਚੋਣਾਂ ਵਿੱਚ ਵੋਟ ਫ਼ੀਸਦ ਨੂੰ ਵਧਾਇਆ ਜਾ ਸਕੇ।

------------------------------------------------------------

ਇਸੇ  ਸਿਲਸਿਲੇ ਵਿਚ ਜ਼ਿਲ੍ਹਾ ਨੋਡਲ ਅਫ਼ਸਰ ਸਵੀਪ ਪ੍ਰੋ. ਗੁਰਬਖ ਸ਼ੀਸ਼ ਸਿੰਘ ਅਨਟਾਲ ਅਤੇ ਚੋਣ ਤਹਿਸੀਲਦਾਰ ਸੰਜੇ ਕੁਮਾਰ ਵੱਲੋਂ ਸ਼ੋਸ਼ਲ ਲਾਈਫ ਹੈਲਪ ਐਂਡ ਕੇਅਰ ਫਾਊਂਡੇਸ਼ਨ ਦੇ ਸਹਿਯੋਗ ਨਾਲ, ਜ਼ੀਰਕਪੁਰ ਵਿਖੇ ਵੋਟਰ ਰਜਿਸਟਰੇਸਨ ਅਤੇ ਵੋਟਰ ਜਾਗਰੂਕਤਾ ਦੇ ਪੰਜਵੇਂ ਕੈਂਪ ਲਾਇਆ ਗਿਆ। ਇਸ ਮੌਕੇ  ਚੋਣਾਂ ਨਾਲ ਸਬੰਧਤ ਵੱਖ-ਵੱਖ ਮੋਬਾਈਲ ਐਪਸ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਦੱਸਿਆ ਕਿ ਜ਼ਿਲ੍ਹੇ ਵਿੱਚ ਗੈਰ ਸਰਕਾਰੀ ਸੰਗਠਨਾਂ ਦੀ ਮਦਦ ਨਾਲ ਪ੍ਰਵਾਸੀ ਮਜ਼ਦੂਰਾਂ ਅਤੇ ਦਿਵਿਆਂਗਜਨ ਵੋਟਰਾਂ ਨੂੰ ਵੋਟ ਪਾਉਣ ਲਈ ਜਾਗਰੂਕ ਕਰਨ ਬਾਰੇ ਕੈਂਪ ਉਲੀਕੇ ਜਾ ਰਹੇ ਨੇ।  ਡਾ. ਰਾਸ਼ੀ ਆਈਅਰ ਨੇ ਦੱਸਿਆ ਕਿ ਇਸ ਕੈਂਪ ਦੌਰਾਨ  ਦਿਹਾੜੀਦਾਰ ਮਜਦੂਰਾਂ ਦੀ  ਸ਼ਨਾਖ਼ਤ ਕਰਕੇ  ਵੋਟ ਬਣਵਾਈ ਗਈ। ਯੋਗ ਵੋਟਰਾਂ ਨੂੰ ਜ਼ਿਲ੍ਹਾ ਚੋਣ ਅਫ਼ਸਰ ਦਫਤਰ ਵੱਲੋਂ ਕੈਪਸ ਅਤੇ ਚਾਬੀਆਂ ਦੇ ਛੱਲੇ ਵੀ ਤਕਸੀਮ ਕੀਤੇ ਗਏ।

------------------------------------------------------------

ਓਧਰ ਮੋਹਾਲੀ ਦੇ ਜ਼ਿਲ੍ਹਾ ਨੋਡਲ ਅਫਸਰ ਸਵੀਪ ਨੇ ਦੱਸਿਆ ਕਿ ਜ਼ਿਲ੍ਹੇ

ਵਿੱਚ ਵੋਟਰ ਸਾਖਰਤਾ ਕਲੱਬਾਂ ਵੱਲੋਂ ਲਗਾਤਾਰ ਬੂਥ ਪੱਧਰ ਉਪਰ ਜਾ ਕੇ ਸਵੀਪ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਨੇ। ਉਹਨਾਂ ਦੱਸਿਆ ਕਿ ਹੁਣ ਮੋਹਾਲੀ ਜ਼ਿਲ੍ਹੇ ਦੀਆਂ ਧੀਆਂ ਵੱਲੋਂ ਮੋਰਚੇ ਸੰਭਾਲੇ ਗਏ ਨੇ। ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਕੁਰਾਲੀ ਦੀਆਂ ਵਿਦਿਆਰਥਣਾਂ ਨੇ ਲੋਕਤੰਤਰ ਦੀਆਂ ਬੋਲੀਆਂ ਪਾਉਂਦੇ ਹੋਏ ਰੈਲੀ ਕੱਢ ਕੇ ਲੋਕਾਂ ਨੂੰ ਵੋਟ ਪਾਉਣ ਲਈ ਅਪੀਲ ਕੀਤੀ। ਵੋਟਰ ਸਾਖਰਤਾ ਕਲੱਬਾਂ ਦੇ ਵਾਲੰਟੀਅਰ "ਵੋਟ ਪਾਉਣ ਜਾਣਾ ਏ-ਦੇਸ਼ ਦਾ ਪਰਵ ਮਨਾਉਣਾ ਏ, "ਮੇਰਾ ਪਹਿਲਾ ਵੋਟ ਦੇਸ਼ ਦੇ ਨਾਮ" ਅਤੇ “ਮਹਿਲਾਵਾਂ ਬਜ਼ੁਰਗ ਅਤੇ ਜਵਾਨ ਵੋਟ ਪਾਉਣ ਸਾਰੇ ਜਾਣ" ਦੇ ਨਾਅਰੇ ਲਗਾਕੇ ਲੋਕਤੰਤਰ ਦੇ ਇਸ ਮਹਾਂ ਤਿਉਹਾਰ ਨੂੰ ਮਨਾ ਰਹੇ ਨੇ। ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਛਲੀ ਕਲਾਂ ਦੀਆਂ ਵਿਦਿਆਰਥਣਾਂ ਨੇ ਬੂਥ ਉਪਰ ਜਾ ਕੇ ਮਹਿਲਾ ਵੋਟਰਾਂ ਨੂੰ ਇੱਕਤਰ ਕਰ ਮਹਿੰਦੀ ਲਾ ਕੇ ਲੋਕਤੰਤਰ ਦੀਆਂ ਤੀਆਂ ਮਨਾਈਆਂ। ਇਸੇ ਤਰ੍ਹਾਂ ਦਾ ਉਪਰਾਲਾ ਸਰਕਾਰੀ ਹਾਈ ਸਕੂਲ ਨਾਡਾ ਦੀਆਂ ਵਿਦਿਆਰਥਣਾਂ ਵੱਲੋਂ ਵੀ ਕੀਤਾ ਗਿਆ।

--------------------------------------------------------

ਮੁਹਾਲੀ ਦੇ ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਨੇ ਕੱਲ ਨੋਡਲ ਅਫ਼ਸਰਾਂ ਨਾਲ ਚੋਣ ਤਿਆਰੀਆਂ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ 7 ਮਈ ਨੂੰ

ਨਾਮਜ਼ਦਗੀ ਪ੍ਰਕਿਰਿਆ ਸ਼ੁਰੂ ਕਰਨ ਲਈ ਆਰ.ਓ ਪੱਧਰ 'ਤੇ ਨੋਟੀਫਿਕੇਸ਼ਨ ਜਾਰੀ ਹੋਣ ਦੇ ਮੱਦੇਨਜ਼ਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਜ਼ਿਲ੍ਹੇ ਵਿੱਚ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਜਾਣ । ਡਿਪਟੀ ਕਮਿਸ਼ਨਰ ਨੇ ਵੋਟਾਂ ਦੀ ਨਵੀਂ ਰਜਿਸਟ੍ਰੇਸ਼ਨ ਦੀ ਸਥਿਤੀ ਦਾ ਜਾਇਜ਼ਾ ਲੈਂਦਿਆਂ ਦੱਸਿਆ ਕਿ ਵੋਟਰ ਰਜਿਸਟ੍ਰੇਸ਼ਨ ਫਾਰਮ ਜਮ੍ਹਾਂ ਕਰਵਾਉਣ ਦੀ ਆਖਰੀ ਤਰੀਕ 4 ਮਈ ਏ । ਉਨ੍ਹਾਂ ਕਿਹਾ ਕਿ ਈ ਵੀ ਐਮ ਦੀ ਪਹਿਲੀ ਰੈਂਡ-ਮਾਈਜ਼ੇਸ਼ਨ 2 ਮਈ ਨੂੰ ਕੀਤੀ ਜਾਵੇਗੀ ਅਤੇ ਏ ਆਰ ਓਜ਼ ਨੂੰ ਵੰਡ ਸ਼ੁਰੂ ਕਰ ਦਿੱਤੀ ਜਾਵੇਗੀ। ਉਨ੍ਹਾਂ ਏ ਆਰ ਓਜ਼ ਨੂੰ ਸਪੱਸ਼ਟ ਤੌਰ 'ਤੇ ਪੋਲਿੰਗ ਸਟਾਫ ਦੀ ਸਿਖਲਾਈ ਲਈ ਲਈਆਂ ਗਈਆਂ EVMs ਦੇ 38 ਸੈੱਟਾਂ ਨੂੰ ਪੋਲਿੰਗ ਲਈ ਰੱਖੀਆਂ ਗਈਆਂ, EVMs ਤੋਂ ਵੱਖਰੇ ਤੌਰ 'ਤੇ ਸਟੋਰ ਕਰਨ ਲਈ ਕਿਹਾ ।

---------------------------------------------------

ਸ਼੍ਰੋਮਣੀ ਅਕਾਲੀ ਦਲ ਨੇ ਖਡੂਰ ਸਾਹਿਬ ਲੋਕ ਸਭਾ ਹਲਕੇ ਤੋਂ, ਵਿਰਸਾ ਸਿੰਘ ਵਲਟੋਹਾ ਨੂੰ ਅਪਣਾ ਉਮੀਦਵਾਰ ਐਲਾਨਿਆ ਏ । ਇਹ ਜਾਣਕਾਰੀ ਪਾਰਟੀ ਨੇ ਆਪਣੇ ਐਕਸ ਹੈਂਡਲ 'ਤੇ ਦਿੱਤੀ ਏ । ਇਸ ਐਲਾਨ ਦੇ ਨਾਲ ਹੀ, ਅਕਾਲੀ ਦਲ ਨੇ ਸੂਬੇ ਦੇ ਸਾਰੇ ਹੀ 13 ਲੋਕਸਭਾ ਹਲਕਿਆਂ 'ਤੇ ਆਪਣੇ ਉਮੀਦਵਾਰ ਐਲਾਨ ਦਿੱਤੇ ਨੇ ।

---

ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਲੀਡਰ ਅਤੇ ਹਲਕਾ ਸ੍ਰੀ ਆਨੰਦਪੁਰ ਸਾਹਿਬ ਤੋਂ ਸਾਬਕਾ ਮੈਂਬਰ ਪਾਰਲੀਮੈਂਟ ਪ੍ਰੇਮ ਸਿੰਘ ਚੰਦੂਮਾਜਰਾ ਨੇ ਵਿਧਾਨ ਸਭਾ ਹਲਕਾ ਰੋਪੜ ਦੇ ਪਿੰਡ ਹਰੀਪੁਰ ਬਰਦਾਰ ਵਿੱਚ ਵਰਕਰ ਮਿਲਣੀ ਦੌਰਾਨ ਇਕੱਠ ਨੂੰ ਸੰਬੋਧਨ ਕੀਤਾ। ਪ੍ਰੇਮ ਸਿੰਘ ਚੰਦੂਮਾਜਰਾ ਨੇ ਕਿਹਾ  ਕਿ ਹਾੜ੍ਹੀ ਦਾ ਸੀਜ਼ਨ ਹੋਣ ਦੇ ਬਾਵਜੂਦ ਵੀ ਕਿਸਾਨਾਂ, ਮਜ਼ਦੂਰਾਂ ਅਤੇ ਮਿਹਨਤਕਸ਼ ਲੋਕਾਂ ਦਾ ਆਪਣੇ ਕੰਮ ਵਿੱਚੋਂ ਸਮਾਂ ਕੱਢ ਕੇ, ਵੱਡੀ ਗਿਣਤੀ ਵਿੱਚ ਸਮੂਲੀਅਤ ਕਰਨਾ ਚੋਣ ਮੁਹਿੰਮ ਨੂੰ ਭਰਵਾਂ ਹੁੰਗਾਰਾ ਦੇ ਰਿਹਾ ਏ। ਉਨ੍ਹਾਂ ਕਿਹਾ ਕਿ ਜਿੱਥੇ ਮੌਜੂਦਾ ਸਰਕਾਰ ਨੇ ਸੂਬੇ  ਦੇ ਕਿਸਾਨਾਂ ਨੂੰ ਸਾਰੀਆਂ 23 ਫ਼ਸਲਾਂ ਉੱਤੇ ਐੱਮ.ਐੱਸ.ਪੀ ਦੇਕੇ ਘੱਟੋ-ਘੱਟ ਸਮਰਥਨ ਮੁੱਲ ਦੇਣ ਦੇ ਨਾਂਅ ਉੱਤੇ ਠਗਿਆ ਏ , ਉੱਥੇ ਹੀ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਦਾ ਝੂਠ ਬੋਲ ਕੇ, ਸੂਬੇ ਦੇ ਮੁਲਾਜ਼ਮਾਂ ਨੂੰ ਵੀ ਗੁੰਮਰਾਹ ਕੀਤਾ ਏ, ਜਿਸ ਕਰਕੇ ਸੂਬੇ ਦੇ ਮੁਲਾਜ਼ਮ ਭਾਈਚਾਰੇ ਵਿੱਚ ਆਮ ਆਦਮੀ ਪਾਰਟੀ  ਸਰਕਾਰ ਦੇ ਅਜਿਹੇ ਰਵੱਈਏ ਖ਼ਿਲਾਫ਼ ਰੋਸ ਏ ।

---

ਉੱਤਰਾਖੰਡ ਸੂਬੇ ਨੂੰ ਪ੍ਰਦੂਸ਼ਣ ਮੁਕਤ ਬਣਾਉਣ ਲਈ, ਹੁਣ ਚਾਰਧਾਮ ਯਾਤਰਾ ਰੂਟ 'ਤੇ ਇਲੈਕਟ੍ਰਿਕ ਵਾਹਨ ਚੱਲਣਗੇ। ਆਰ.ਟੀ.ਓ ਸੁਨੀਲ

ਸ਼ਰਮਾ ਨੇ ਦੱਸਿਆ ਕਿ ਇਸ ਵਾਰ ਇਲੈਕਟ੍ਰਿਕ ਵਾਹਨਾਂ ਨੂੰ ਚਾਹੇ ਵਪਾਰਕ ਹੋਵੇ ਜਾਂ ਪ੍ਰਾਈਵੇਟ, ਨੂੰ ਚਾਰਧਾਮ ਆਉਣ ਲਈ ਉਤਸ਼ਾਹਿਤ ਕੀਤਾ ਜਾ ਰਿਹਾ ਏ । ਇਸ ਦੇ ਲਈ ਚਾਰਧਾਮ ਯਾਤਰਾ ਰੂਟ 'ਤੇ ਚਾਰਜਿੰਗ ਸਟੇਸ਼ਨਾਂ ਦਾ ਪ੍ਰਬੰਧ ਵੀ ਕੀਤਾ ਜਾ ਰਿਹਾ ਏ । ਐਪ ਰਾਹੀਂ ਲੋਕ ਚਾਰਜਿੰਗ ਸਟੇਸ਼ਨ ਬਾਰੇ ਪੂਰੀ ਜਾਣਕਾਰੀ ਹਾਸਲ ਕਰ ਸਕਣਗੇ । ਫਰਵਰੀ 2018 ਵਿੱਚ ਡਿਵੀਜ਼ਨਲ ਟਰਾਂਸਪੋਰਟ ਅਥਾਰਟੀ ਦੀ ਮੀਟਿੰਗ ਵਿੱਚ ਵਾਹਨਾਂ ਤੋਂ ਲਗਾਤਾਰ ਵੱਧ ਰਹੇ ਪ੍ਰਦੂਸ਼ਣ ਉੱਤੇ ਚਿੰਤਾ ਪ੍ਰਗਟਾਈ ਗਈ ਸੀ । ਇਸ ਤੋਂ ਬਾਅਦ ਵਾਤਾਵਰਣ ਦੀ ਸੁਰੱਖਿਆ ਲਈ ਇਲੈਕਟ੍ਰਿਕ ਵਾਹਨਾਂ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਏ ।  ਉੱਤਰਾਖੰਡ ਦੀ ਵਿਸ਼ਵ ਪ੍ਰਸਿੱਧ ਚਾਰਧਾਮ ਯਾਤਰਾ ਦੀਆਂ ਤਿਆਰੀਆਂ ਜੰਗੀ ਪੱਧਰ 'ਤੇ ਸ਼ੁਰੂ ਹੋ ਗਈਆਂ ਨੇ । ਚਾਰਧਾਮ ਯਾਤਰਾ ਰਸਮੀ ਤੌਰ 'ਤੇ 10 ਮਈ ਨੂੰ ਗੰਗੋਤਰੀ-ਯਮੁਨੋਤਰੀ ਅਤੇ ਕੇਦਾਰਨਾਥ ਧਾਮ ਦੇ ਦਰਵਾਜ਼ੇ ਖੋਲ੍ਹਣ ਨਾਲ ਸ਼ੁਰੂ ਹੋਵੇਗੀ ।  ਹੁਣ ਤੱਕ  ਚਾਰਧਾਮ ਅਤੇ ਹੇਮਕੁੰਟ ਲਈ ਕੁੱਲ 15 ਲੱਖ 66 ਹਜ਼ਾਰ 867 ਸ਼ਰਧਾਲੂਆਂ ਨੇ ਆਪਣਾ ਨਾਮ ਦਰਜ ਕਰਵਾਇਆ ਏ ।

---------------------------------------------------

ਜਲੰਧਰ ਪੁਲਿਸ ਨੇ ਵਿੱਕੀ ਗੌਂਡਰ ਗੈਂਗ ਦੇ ਇੱਕ ਗੈਂਗਸਟਰ ਨੂੰ, 3

ਨਜਾਇਜ਼ ਹਥਿਆਰਾਂ ਅਤੇ 5 ਅਣਚਲੇ ਕਾਰਤੂਸਾਂ ਸਮੇਤ ਗ੍ਰਿਫ਼ਤਾਰ ਕੀਤਾ ਏ। ਪੁਲਿਸ ਨੇ ਮੁਲਜ਼ਮ ਨੂੰ ਥਾਣਾ ਡਵੀਜ਼ਨ 6 ਦੇ ਇਲਾਕੇ ’ਚੋਂ ਕਾਬੂ ਕੀਤਾ ਏ। ਜਲਦ ਹੀ ਉਸ ਨੂੰ ਅਦਾਲਤ 'ਚ ਪੇਸ਼ ਕਰਕੇ ਰਿਮਾਂਡ 'ਤੇ ਲੈ ਕੇ ਪੁੱਛਗਿੱਛ ਕਰੇਗੀ ਤਾਂ ਜੋ ਇਹ ਪਤਾ ਲੱਗ ਸਕੇ ਕਿ ਇਸਨੇ ਇਹ ਹਥਿਆਰ ਕਿੱਥੇ ਵਰਤਣੇ ਸਨ। ਫੜੇ ਗਏ ਮੁਲਜ਼ਮ ਖ਼ਿਲਾਫ਼ ਨਸ਼ਾ ਤਸਕਰੀ, ਕਤਲ ਦੀ ਕੋਸ਼ਿਸ਼, ਜਬਰੀ ਵਸੂਲੀ ਸਮੇਤ ਕਈ ਮਾਮਲੇ ਦਰਜ ਨੇ। ਮੁਲਜ਼ਮ ਗੌਂਡਰ ਗੈਂਗ ਦਾ ਖਾਸ ਮੈਂਬਰ ਸੀ। ਉਹ ਲਗਾਤਾਰ ਗੌਂਡਰ ਗੈਂਗ ਦੇ ਕਾਰਕੁਨਾਂ ਦੇ ਸੰਪਰਕ ਵਿੱਚ ਸੀ। ਮਾਮਲੇ ਦੀ ਅਗਲੇਰੀ ਜਾਂਚ ਜਾਰੀ ਏ।

---

ਪੰਜਾਬ ਵਕਫ ਬੋਰਡ ਦਾ ਸਾਲਾਨਾ ਇਜਲਾਸ, ਬੋਰਡ ਦੇ ਪ੍ਰਬੰਧਕ ਅਤੇ ਪੰਜਾਬ ਪੁਲਿਸ ਦੇ ਏ.ਡੀ.ਜੀ.ਪੀ. ਐਮ.ਐਫ ਫਾਰੂਕੀ ਦੀ ਪ੍ਰਧਾਨਗੀ ਹੇਠ, ਜਲੰਧਰ ਦੇ ਪੀ.ਏ.ਪੀ ਕੰਪਲੈਕਸ ਵਿਖੇ ਹੋਇਆ । ਇਸ ਸਾਲਾਨਾ ਇਜਲਾਸ ਵਿੱਚ ਵਕਫ ਬੋਰਡ ਦੇ ਸਮੁੱਚੇ ਅਮਲੇ ਨੇ ਸ਼ਿਰਕਤ ਕੀਤੀ। ਐਮ.ਐਫ ਫਾਰੂਕੀ ਨੇ ਬੋਰਡ ਦੀ ਸਾਲਾਨਾ ਕਾਰਗੁਜ਼ਾਰੀ ਦਾ ਜਾਇਜ਼ਾ ਲੈਣ ਉਪਰੰਤ ਚੰਗੀ ਕਾਰਗੁਜ਼ਾਰੀ ਦਿਖਾਉਣ ਵਾਲੇ ਅਧਿਕਾਰੀਆਂ ਅਤੇ ਮੁਲਾਜ਼ਮਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕਰਕੇ ਉਹਨਾਂ ਦੀ ਹੋਸਲਾ

ਅਫਜ਼ਾਈ ਕੀਤੀ ਅਤੇ ਉਹਨਾਂ ਨੂੰ ਅੱਗੋ ਵੀ ਪੰਜਾਬ ਵਕਫ ਬੋਰਡ ਦੀ ਬਹਿਤਰੀ ਅਤੇ ਤਰੱਕੀ ਲਈ ਲਗਨ ਅਤੇ ਮਿਹਨਤ ਨਾਲ ਕੰਮ ਕਰਨ ਲਈ ਕਿਹਾ।

-------------------------------------------------------

ਸੀਮਾ ਸੁਰੱਖਿਆ ਬਲ ਦੇ ਅਧਿਕਾਰੀਆਂ ਨੇ ਅੱਜ ਇੱਕ ਪਾਕਿਸਤਾਨੀ ਨਾਗਰਿਕ ਨੂੰ ਪਾਕਿਸਤਾਨ ਰੇਂਜਰਾਂ ਦੇ ਹਵਾਲੇ ਕਰ ਦਿੱਤਾ, ਜਿਹੜਾ ਕਿ ਅਣਜਾਣੇ ਵਿੱਚ ਭਾਰਤ ਦੀ ਕੌਮਾਂਤਰੀ ਸਰਹੱਦ ਵੱਲ ਆ ਗਿਆ ਸੀ। BSF ਦੇ ਇਕ ਬੁਲਾਰੇ ਨੇ ਦੱਸਿਆ ਕਿ ਜਵਾਨਾਂ ਨੇ ਫਾਜ਼ਿਲਕਾ ਜ਼ਿਲ੍ਹੇ ਵਿੱਚ ਸਰਹੱਦੀ ਪਿੰਡ ਦੇ ਨੇੜੇ ਇੱਕ ਵਿਅਕਤੀ ਨੂੰ ਫੜ ਲਿਆ। ਪੁੱਛ-ਗਿੱਛ ਦੌਰਾਨ ਇਸ ਵਿਅਕਤੀ ਨੇ ਇਹ ਖੁਲਾਸਾ ਕੀਤਾ ਕਿ ਉਹ ਸਰਹੱਦੀ ਇਲਾਕੇ ਤੋਂ ਅਣਜਾਣ ਸੀ ਅਤੇ ਗਲਤੀ ਨਾਲ ਭਾਰਤੀ ਖੇਤਰ ਵਿੱਚ ਦਾਖਲ ਹੋ ਗਿਆ। ਤਲਾਸ਼ੀ ਦੌਰਾਨ ਉਸ ਦੇ ਕਬਜ਼ੇ 'ਚੋਂ ਕੋਈ ਵੀ ਇਤਰਾਜ਼ਯੋਗ ਚੀਜ਼ ਬਰਾਮਦ ਨਹੀਂ ਹੋਈ। ਪਾਕਿਸਤਾਨੀ ਨਾਗਰਿਕ ਦੀ ਗੈਰ-ਜ਼ਰੂਰੀ ਆਵਾਜਾਈ ਸੀਮਿਤ ਕਰਨ ਵਿੱਚ ਪਾਕਿਸਤਾਨੀ ਰੇਂਜਰਾਂ ਦੀ ਅਸਫਲਤਾ 'ਤੇ ਚਿੰਤਾ ਪ੍ਰਗਟਾਉਣ ਲਈ, ਪਾਕਿਸਤਾਨੀ ਰੇਂਜਰਾਂ ਨਾਲ ਇੱਕ ਫਲੈਗ ਮੀਟਿੰਗ ਕੀਤੀ ਗਈ। ਮਗਰੋਂ ਬਲ ਨੇ ਉਸ ਵਿਅਕਤੀ ਨੂੰ

ਮਨੁੱਖੀ ਆਧਾਰ 'ਤੇ ਅਤੇ ਸਦਭਾਵਨਾ ਵਜੋਂ ਪਾਕਿਸਤਾਨ ਰੇਂਜਰਾਂ ਦੇ ਹਵਾਲੇ ਕਰ ਦਿੱਤਾ।

---------------------------------------------------------------

ਫਾਜ਼ਿਲਕਾ ਜ਼ਿਲ੍ਹੇ ਨੇ ਇੱਕ ਦਿਨ ਵਿੱਚ ਕਣਕ ਦੀ ਚੁਕਾਈ ਦਾ ਨਵਾਂ ਰਿਕਾਰਡ ਬਣਾਇਆ ਏ। ਫਾਜ਼ਿਲਕਾ ਜ਼ਿਲ੍ਹੇ ਵਿੱਚ ਬੀਤੇ ਦਿਨੀ ਹੁਣ ਤੱਕ ਦੀ ਕਣਕ ਦੀ ਸਭ ਤੋਂ ਵੱਧ 3 ਲੱਖ 3 ਹਜ਼ਾਰ 20 ਮੀਟ੍ਰਿਕ ਟਨ ਚੁਕਾਈ ਹੋਈ ਏ ਜਿਸਨੇ ਪਿਛਲੇ ਸਾਰੇ ਸਾਲਾਂ ਦਾ ਵੀ ਰਿਕਾਰਡ ਤੋੜ ਦਿੱਤਾ ਏ । ਚੁਕਾਈ ਵਿੱਚ ਵੱਧ ਤੋਂ ਵੱਧ ਤੇਜ਼ੀ ਲਿਆਉਣ ਦੇ ਉਦੇਸ਼ ਨਾਲ ਰੱਖੀ ਬੈਠਕ ਦੌਰਾਨ ਡਿਪਟੀ ਕਮਿਸ਼ਨਰ ਡਾ. ਸੇਨੂ ਦੁੱਗਲ ਨੇ ਦੱਸਿਆ ਕਿ ਜ਼ਿਲ੍ਹੇ ਵਿਚ ਹੁਣ ਤੱਕ ਕੁੱਲ 5 ਲੱਖ 4 ਹਜ਼ਾਰ 500 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਏ, ਜਿਸ ਵਿੱਚੋਂ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ 4 ਲੱਖ 68 ਹਜ਼ਾਰ 861 ਮੀਟਰਕ ਟਨ ਕਣਕ ਖਰੀਦੀ ਜਾ ਚੁਕੀ ਏ। ਉਨ੍ਹਾਂ ਦੱਸਿਆ ਕਿ 48 ਘੰਟੇ ਵਿਚ ਖਰੀਦੀ ਕਣਕ ਦੀ ਅਦਾਇਗੀ ਵੀ ਕੀਤੀ ਗਈ ਏ।

---------------------------------------------------------------

ਏਧਰ ਪਟਿਆਲਾ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਵੀ ਕਣਕ ਦੀ ਖਰੀਦ

ਪ੍ਰਕ੍ਰਿਆ ਸੁਚਾਰੂ ਢੰਗ ਨਾਲ ਚੱਲ ਰਹੀ ਏ ਤੇ ਹੁਣ ਤੱਕ  ਕੁੱਲ ਆਮਦ ਦੀ 95 ਫ਼ੀਸਦੀ ਕਣਕ ਮੰਡੀਆਂ ਵਿੱਚ ਪੁੱਜ ਚੁੱਕੀ ਏ ।